# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 11-09-2024**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਦਿੱਲੀ ਵਿਚ ਇੰਡੀਆ ਐਕਸਪੋ ਮਾਰਟ ਵਿਖੇ ਸੇਮੀਕੋਨ ਇੰਡੀਆ-2024 ਦਾ ਉਦਘਾਟਨ ਕੀਤਾ। ਇਸ ਮੌਕੇ ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਊਰਜਾ ਪਰਿਵਰਤਨ ਅਤੇ ਸਥਿਰਤਾ ਹੁਣ ਵਿਸ਼ਵਵਿਆਪੀ ਚਰਚਾ ਦੇ ਕੇਂਦਰ ਵਿੱਚ ਏ। ਭਾਰਤ ਇੱਕ ਸਾਫ਼ ਅਤੇ ਹਰਿਆ ਭਰਿਆ ਗ੍ਰਹਿ ਬਣਾਉਣ ਲਈ ਵਚਨਬੱਧ ਏ। ਸ਼੍ਰੀ ਮੋਦੀ ਨੇ ਕਿਹਾ ਕਿ ਅਸੀਂ ਹਰੀ ਊਰਜਾ ਬਾਰੇ ਪੈਰਿਸ ਦੀ ਵਚਨਬੱਧਤਾ ਨੂੰ ਪੂਰਾ ਕਰਨ ਵਾਲੇ ਜੀ-20 ਦੇਸ਼ਾਂ ਵਿੱਚੋਂ ਪਹਿਲੇ ਹਾਂ। ਇਹ ਵਚਨਬੱਧਤਾ 2030 ਦੇ ਟੀਚੇ ਤੋਂ ਨੌਂ ਸਾਲ ਪਹਿਲਾਂ ਪੂਰੀ ਕਰ ਲਈ ਗਈ ਏ। ਪਿਛਲੇ 10 ਸਾਲਾਂ ਵਿੱਚ ਭਾਰਤ ਦੀ ਸਥਾਪਤ ਗੈਰ-ਜੀਵਾਸ਼ਮ ਈਂਧਨ ਸਮਰੱਥਾ ਲਗਭਗ 300 ਫੀਸਦ ਵਧੀ ਏ। ਸੈਮੀਕਨ ਇੰਡੀਆ 2024, 11 ਤੋਂ 13 ਸਤੰਬਰ ਤੱਕ ਹੋਏਗੀ ਤੇ ਇਸਦਾ

ਵਿਸ਼ਾ "ਸੈਮੀਕੰਡਕਟਰ ਭਵਿੱਖ ਨੂੰ ਰੂਪ ਦੇਣਾ" ਹੋਏਗਾ। ਇਹ ਤਿੰਨ ਦਿਨਾਂ ਕਾਨਫਰੰਸ ਭਾਰਤ ਦੀ ਸੈਮੀਕੰਡਕਟਰ ਰਣਨੀਤੀ ਅਤੇ ਨੀਤੀ ਦਾ ਪ੍ਰਦਰਸ਼ਨ ਕਰੇਗੀ ਜੋ ਭਾਰਤ ਨੂੰ ਸੈਮੀਕੰਡਕਟਰ ਲਈ ਇੱਕ ਆਲਮੀ ਕੇਂਦਰ ਬਣਾਉਣ ਬਾਰੇ ਏ। ਇਸ ਵਿਚ ਵੱਡੀਆਂ ਆਲਮੀ ਸੈਮੀਕੰਡਕਟਰ ਕੰਪਨੀਆਂ ਦੀ ਚੋਟੀ ਦੀ ਲੀਡਰਸ਼ਿਪ ਹਿੱਸਾ ਲੈ ਰਹੀ ਏ। ਇਹ ਕਾਨਫਰੰਸ ਸੈਮੀਕੰਡਕਟਰ ਸਨਅਤ ਦੇ ਵਿਸ਼ਵ ਆਗੂਆਂ, ਕੰਪਨੀਆਂ ਅਤੇ ਮਾਹਰਾਂ ਨੂੰ ਇੱਕ ਥਾਂ ਲਿਆਏਗੀ। ਕਾਨਫਰੰਸ ਵਿੱਚ 250 ਤੋਂ ਵੱਧ ਨੁਮਾਇਸ਼ਕਾਰਾਂ ਅਤੇ 150 ਬੁਲਾਰਿਆਂ ਦੀ ਸ਼ਮੂਲੀਅਤ ਹੋਵੇਗੀ ।

---

ਭਾਰਤੀ ਜਨਤਾ ਪਾਰਟੀ ਅਤੇ ਲੋਕ ਸਭਾ ਸਪੀਕਰ ਓਮ ਬਿਰਲਾ ਨੇ ਅੱਜ ਵਿਸ਼ਵ ਪ੍ਰਸਿੱਧ ਭੂਦਾਨ ਅੰਦੋਲਨ ਦੇ ਮੋਢੀ ਆਚਾਰੀਆ ਵਿਨੋਬਾ ਭਾਵੇ ਨੂੰ ਉਨ੍ਹਾਂ ਦੀ ਜਯੰਤੀ 'ਤੇ ਯਾਦ ਕੀਤਾ। ਬੀ ਜੇ ਪੀ ਅਤੇ ਬਿਰਲਾ ਨੇ ਐਕਸ ਹੈਂਡਲ 'ਤੇ ਉਨ੍ਹਾਂ ਨੂੰ ਸ਼ਰਧਾਂਜਲੀ ਦਿੰਦੇ ਹੋਏ ਵਿਚਾਰ ਸਾਂਝੇ ਕੀਤੇ ਨੇ । ਬੀਜੇਪੀ ਨੇ ਲਿਖਿਆ ਏ, ‘‘ਭੂਦਾਨ ਅੰਦੋਲਨ ਦੇ ਸੰਸਥਾਪਕ, ਮਹਾਨ ਚਿੰਤਕ ਅਤੇ ਆਜ਼ਾਦੀ ਘੁਲਾਟੀਏ, ਭਾਰਤ ਰਤਨ ਆਚਾਰੀਆ ਵਿਨੋਬਾ ਭਾਵੇ ਨੂੰ ਜਯੰਤੀ 'ਤੇ ਕੋਟਿ-ਕੋਟਿ ਨਮਨ‘। ਜ਼ਿਕਰਯੋਗ ਏ ਕਿ 11

ਸਤੰਬਰ 1895, ਨੂੰ ਮਹਾਰਾਸ਼ਟਰ ਵਿੱਚ ਜਨਮੇ ਆਚਾਰੀਆ ਵਿਨੋਬਾ ਦਾ ਅਸਲੀ ਨਾਮ ਨਰਹਰੀ ਭਾਵੇ ਸੀ। ਵਿਨੋਬਾ ਭਾਵੇ ਸਾਲ 1958 ਵਿੱਚ ਰੈਮਨ ਮੈਗਸੇਸੇ ਅਵਾਰਡ ਪ੍ਰਾਪਤ ਕਰਨ ਵਾਲੇ ਪਹਿਲੇ ਅੰਤਰਰਾਸ਼ਟਰੀ ਅਤੇ ਭਾਰਤੀ ਵਿਅਕਤੀ ਨੇ। ਉਨ੍ਹਾਂ ਨੂੰ ਮਰਨ ਉਪਰੰਤ 1983 ਵਿੱਚ ਭਾਰਤ ਰਤਨ ਨਾਲ ਸਨਮਾਨਿਤ ਕੀਤਾ ਗਿਆ। ਲੋਕ ਸਭਾ ਸਪੀਕਰ ਓਮ ਬਿਰਲਾ ਨੇ ਲਿਖਿਆ ਏ, "ਭੂਦਾਨ ਅੰਦੋਲਨ ਦੇ ਜ਼ਰੀਏ ਆਚਾਰੀਆ ਵਿਨੋਬਾ ਭਾਵੇ ਨੇ ਦੇਸ਼ ਦੇ ਵਾਂਝੇ ਅਤੇ ਬੇਜ਼ਮੀਨੇ ਵਰਗ ਨੂੰ ਉਨ੍ਹਾਂ ਦੇ ਅਧਿਕਾਰ ਦਿੱਤੇ। ਸਮਾਨਤਾ ਦਾ ਅਜਿਹਾ ਸੰਕਲਪ ਸਿਰਜਿਆ ਜਿਸ ਵਿੱਚ ਭੂਮੀ ਮਾਲਕਾਂ ਨੇ ਗਰੀਬ ਲੋਕਾਂ ਦੀ ਚਿੰਤਾ ਕੀਤੀ, ਅਤੇ ਉਨ੍ਹਾਂ ਦੇ ਹਿੱਤ ਲਈ ਆਪਣੀ ਭੂਮੀ ਦਾਨ ਕੀਤੀ।

---------------------------------------------------------------------

ਫੂਡ ਪ੍ਰੋਸੈਸਿੰਗ ਵਿਭਾਗ ਦੇ ਪ੍ਰਿੰਸੀਪਲ ਸਕੱਤਰ ਰਾਖੀ ਗੁਪਤਾ ਭੰਡਾਰੀ ਨੇ ਅੱਜ ਮੰਗਲਵਾਰ ਨੂੰ ਕ੍ਰਿਸ਼ੀ ਵਿਗਿਆਨ ਕੇਂਦਰ ਪਟਿਆਲਾ ਵਿਖੇ ਪੀ. ਐਫ. ਐਮ. ਈ ਸਕੀਮ ਤਹਿਤ ਬਣਾਏ ਜਾ ਰਹੇ ਸਾਂਝੇ ਇਨਕਿਊਬੇਸ਼ਨ ਸੈਂਟਰ ਦਾ ਦੌਰਾ ਕੀਤਾ। ਉਨ੍ਹਾਂ ਹੁਣ ਤੱਕ ਹੋਏ ਕੰਮ ’ਤੇ ਸ਼ਤੁੰਸ਼ਟੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਸਾਂਝੇ ਇਨਕਿਊਬੇਸ਼ਨ ਸੈਂਟਰ ਦੀ

ਇਮਾਰਤ ਦਾ ਕੰਮ ਲੇਆਊਟ ਅਨੁਸਾਰ ਹੀ ਹੋਇਆ ਏ। ਇਸ ਮੌਕੇ ਉਨ੍ਹਾਂ ਕਿਹਾ ਕਿ ਇਸ ਸਾਂਝੇ ਸੈਂਟਰ ਦਾ ਕਿਸਾਨਾਂ ਨੂੰ ਬਹੁਤ ਲਾਭ ਹੋਵੇਗਾ ਅਤੇ ਉਨ੍ਹਾਂ ਕਿਹਾ ਕਿ ਇਹ ਸੈਂਟਰ ਜਲਦੀ ਹੀ ਕਾਰਜਸ਼ੀਲ ਹੋ ਜਾਵੇਗਾ। ਪ੍ਰਿੰਸੀਪਲ ਸਕੱਤਰ ਨੇ ਆਪਣੇ ਦੌਰੇ ਦੌਰਾਨ ਸਾਂਝੇ ਇਨਕਿਊਬੇਸ਼ਨ ਸੈਂਟਰ ਵਿੱਚ ਚੱਲ ਰਹੇ ਕੰਮ ਦਾ ਵੀ ਜਾਇਜ਼ਾ ਲਿਆ ਅਤੇ ਮਾਹਰਾਂ ਨਾਲ ਫਸਲੀ ਵਿਭਿੰਨਤਾ 'ਤੇ ਚਰਚਾ ਕੀਤੀ। ਉਨ੍ਹਾਂ ਕੇਂਦਰ ਦੇ ਪ੍ਰਦਰਸ਼ਨੀ ਯੂਨਿਟ ਅਤੇ ਤਕਨਾਲੋਜੀ ਪਾਰਕ ਦਾ ਦੌਰਾ ਕੀਤਾ ਅਤੇ ਕੇ.ਵੀ.ਕੇ. ਵੱਲੋਂ ਕੀਤੇ ਜਾ ਰਹੇ ਕੰਮਾਂ ਦੀ ਸ਼ਲਾਘਾ ਕੀਤੀ।

------------------------------------------------------------------------

ਪਟਿਆਲਾ ਦੇ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਪਿਛਲੇ ਦਿਨੀਂ ਮਠਿਆਈਆਂ ਅਤੇ ਬੇਕਰੀ ਪਦਾਰਥਾਂ ਦੀ ਗੁਣਵੱਤਾ ਸਬੰਧੀ ਮੀਡੀਆ ਵਿੱਚ ਆਈਆਂ ਖ਼ਬਰਾਂ ਦਾ ਨੋਟਿਸ ਲੈਂਦਿਆਂ ਸਿਹਤ ਵਿਭਾਗ ਨੂੰ ਸੈਂਪਲਿੰਗ ਕਰਕੇ ਖਾਧ ਪਦਾਰਥਾਂ ਦੀ ਗੁਣਵੱਤਾ ਜਾਂਚ ਕਰਨ ਦੀ ਹਦਾਇਤ ਕੀਤੀ ਏ। ਉਨ੍ਹਾਂ ਕਿਹਾ ਕਿ ਕਿਸੇ ਵੀ ਨਾਗਰਿਕ ਦੀ ਸਿਹਤ ਨਾਲ ਖਿਲਵਾੜ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਫੂਡ ਸੇਫ਼ਟੀ ਅਫ਼ਸਰ ਨੂੰ ਲਗਾਤਾਰ ਚੈਕਿੰਗ ਕਰਨ ਦੀ ਹਦਾਇਤ

ਕੀਤੀ ਜਾ ਚੁੱਕੀ ਏ। ਡਿਪਟੀ ਕਮਿਸ਼ਨਰ ਨੇ ਇਹ ਵੀ ਦੱਸਿਆ ਕਿ ਪਟਿਆਲਾ ਦੀ ਹਲਵਾਈ ਐਸੋਸੀਏਸ਼ਨ ਨੇ ਜ਼ਿਲ੍ਹਾ ਪ੍ਰਸ਼ਾਸਨ ਤੱਕ ਪਹੁੰਚ ਕਰਕੇ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਏ ਕਿ ਕੁਝ ਲੋਕਾਂ ਸੋਸ਼ਲ ਮੀਡੀਆ ਦੇ ਨਾਮ ਉਤੇ ਸ਼ਹਿਰ ਦੀਆਂ ਨਾਮੀ ਦੁਕਾਨਦਾਰਾਂ ਦਾ ਸਮਾਨ ਖਰਾਬ ਦੱਸਕੇ ਸੋਸ਼ਲ ਮੀਡੀਆ ਉਪਰ ਵਾਇਰਲ ਕਰ ਰਹੇ ਨੇ। ਇਸ ਨਾਲ ਜਿੱਥੇ ਦੁਕਾਨਾਂ ਦਾ ਅਕਸ ਤੇ ਵਪਾਰ ਖਰਾਬ ਹੁੰਦਾ ਏ, ਉਥੇ ਹੀ ਲੋਕਾਂ ਵਿੱਚ ਵੀ ਭਰਮ ਭੁਲੇਖੇ ਪੈਂਦੇ ਨੇ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਅਜਿਹਾ ਕਰਨ ਵਾਲੇ ਲੋਕਾਂ ਖਿਲਾਫ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਇਸ ਦੇ ਨਾਲ ਹੀ ਡਿਪਟੀ ਕਮਿਸ਼ਨਰ ਨੇ ਸਮੂਹ ਹਲਵਾਈ ਦੀਆਂ ਦੁਕਾਨਾਂ ਕਰਦੇ ਅਤੇ ਬੇਕਰੀਆਂ ਦੇ ਮਾਲਕਾਂ ਨੂੰ ਵੀ ਹਦਾਇਤ ਕੀਤੀ ਕਿ ਜੇਕਰ ਉਨ੍ਹਾਂ ਵੱਲੋਂ ਖਪਤਕਾਰਾਂ ਦੀ ਸਿਹਤ ਨਾਲ ਖਿਲਵਾੜ ਕਰਨ ਦੀ ਕੋਈ ਵੀ ਘਟਨਾ ਸਾਹਮਣੇ ਆਈ ਤਾਂ ਉਨ੍ਹਾਂ ਵਿਰੁੱਧ ਵੀ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

-----------------------------------------------------------------

ਨਗਰ ਕੌਂਸਲ ਕੋਟਕਪੂਰਾ ਵਿਖੇ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ "ਲੋਕ ਮਿਲਣੀ ਪ੍ਰੋਗਰਾਮ" ਤਹਿਤ ਲੋਕਾਂ ਦੀਆਂ ਮੁਸ਼ਕਿਲਾਂ

ਸੁਣੀਆਂ ਅਤੇ ਪ੍ਰਾਪਤ ਹੋਈਆਂ ਅਰਜ਼ੀਆਂ ਤੇ ਸਬੰਧਤ ਅਧਿਕਾਰੀਆਂ ਨੂੰ ਜਲਦ ਕਾਰਵਾਈ ਕਰਨ ਦੇ ਨਿਰਦੇਸ਼ ਵੀ ਦਿੱਤੇ। ਸਪੀਕਰ ਸੰਧਵਾਂ ਨੇ ਕਿਹਾ ਕਿ ਉਨ੍ਹਾਂ ਦੀ ਕੋਸ਼ਿਸ਼ ਹੁੰਦੀ ਏ ਕਿ ਉਨ੍ਹਾਂ ਦੇ ਹਲਕੇ ਦੇ ਲੋਕਾਂ ਨੂੰ ਆਪਣੀਆਂ ਸਮੱਸਿਆਵਾਂ ਲਈ ਸਰਕਾਰੀ ਦਫ਼ਤਰਾਂ ਦੇ ਚੱਕਰ ਨਾ ਕੱਟਣੇ ਪੈਣ ਅਤੇ ਉਨ੍ਹਾਂ ਦਾ ਹੱਲ ਮੌਕੇ ਤੇ ਹੀ ਹੋ ਜਾਵੇ। ਇਸ ਲਈ ਉਨ੍ਹਾਂ ਨੂੰ ਜਦੋਂ ਵੀ ਮੌਕਾ ਮਿਲਦਾ ਏ, ਉਹ ਆਪਣੇ ਹਲਕੇ ਅਤੇ ਪਿੰਡਾਂ ਤੇ ਸ਼ਹਿਰ ਦੇ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਅਤੇ ਉਨ੍ਹਾਂ ਦੇ ਹੱਲ ਲਈ ਉਨ੍ਹਾਂ ਦੇ ਰੂ-ਬ-ਰੂ ਹੁੰਦੇ ਰਹਿੰਦੇ ਨੇ। ਉਨ੍ਹਾਂ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਸ਼ਹਿਰ ਵਿਚਲੇ ਸੀਵਰੇਜ ਪ੍ਰਬੰਧਾਂ,ਪਾਣੀ ਨਿਕਾਸੀ, ਸਾਫ਼ ਪਾਣੀ ਦੀ ਸਪਲਾਈ ਅਤੇ ਹੋਰ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ ਤੇ ਹੱਲ ਕਰਨ ਦੀ ਹਦਾਇਤ ਕੀਤੀ ਏ।

-----------------------------------------------------------------

ਫ਼ਰੀਦਕੋਟ ਵਿਚ ਆਮ ਜਨਤਾ ਦੀਆਂ ਮੁਸ਼ਕਿਲਾਂ ਨੂੰ ਸੁਣਨ ਅਤੇ ਮੌਕੇ ਤੇ ਉਹਨਾਂ ਦੇ ਹੱਲ ਲਈ ਲਗਾਏ ਜਾ ਰਹੇ ਸੁਵਿਧਾ ਕੈਂਪਾਂ ਦੀ ਲੜੀ ਤਹਿਤ 13 ਸਤੰਬਰ ਨੂੰ ਸਵੇਰੇ ਸਾਢੇ ਨੌ ਵਜੇ ਪਿੰਡ ਮੁਮਾਰਾ ਦੇ ਗੁਰਦੁਆਰਾ ਸਾਹਿਬ ਵਿਖੇ 15ਵਾਂ ਸੁਵਿਧਾ ਕੈਂਪ ਲਗਾਇਆ ਜਾ ਰਿਹਾ ਏ। ਇਸ ਕੈਂਪ

ਵਿਚ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਵੀ ਵਿਸ਼ੇਸ਼ ਤੌਰ ਤੇ ਸ਼ਿਰਕਤ ਕਰਨਗੇ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਨੇ ਸਾਂਝੀ ਕੀਤੀ ਏ। ਉਨ੍ਹਾਂ ਦੱਸਿਆ ਕਿ ਇਸ ਕੈਂਪ ਵਿੱਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਖੁਦ ਹਾਜ਼ਰ ਹੋਣਗੇ ਅਤੇ ਮੌਕੇ ਤੇ ਹੀ ਯੋਗ ਲਾਭਪਾਤਰੀ ਦੀ ਸ਼ਨਾਖ਼ਤ ਕਰਕੇ ਉਨ੍ਹਾਂ ਨੂੰ ਸਰਕਾਰੀ ਸਕੀਮਾਂ ਦਾ ਲਾਭ ਦਿੱਤਾ ਜਾਵੇਗਾ ਅਤੇ ਸ਼ਿਕਾਇਤਾਂ ਦਾ ਨਿਪਟਾਰਾ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਪਿੰਡ ਗੁੱਜਰ, ਚੰਨੀਆ, ਕਿਲੀ ਅਰਾਈਆ ਵਾਲਾ, ਬੁੱਟਰ, ਚੱਕ ਸਾਹੂ ਅਤੇ ਡੋਡ ਦੇ ਵਸਨੀਕ ਇਸ ਸੁਵਿਧਾ ਕੈਂਪ ਵਿੱਚ ਪਹੁੰਚ ਕੇ ਆਪਣੀਆਂ ਮੁਸ਼ਕਿਲ ਸ਼ਿਕਾਇਤਾਂ ਦੇ ਹੱਲ ਕਰਵਾਉਣ ਲਈ ਆ ਸਕਦੇ ਨੇ।